ਮਾਰੂ ਮਹਲਾ ੧ ॥ ਬਿਮਲ ਮਝਾਰਿ ਬਸਸਿ ਨਿਰਮਲ ਜਲ ਪਦਮਨਿ ਜਾਵਲ ਰੇ ॥ ਪਦਮਨਿ ਜਾਵਲ ਜਲ ਰਸ ਸੰਗਤਿ ਸੰਗਿ ਦੋਖ ਨਹੀ ਰੇ ॥ ੧॥ ਦਾਦਰ ਤੂ ਕਬਹਿ ਨ ਜਾਨਸਿ ਰੇ ॥ ਭਖਸਿ ਸਿਬਾਲੁ ਬਸਸਿ ਨਿਰਮਲ ਜਲ ਅੰਮ੍ਰਿਤੁ ਨ ਲਖਸਿ ਰੇ ॥੧॥ ਰਹਾਉ ॥ ਬਸੁ ਜਲ ਨਿਤ ਨ ਵਸਤ ਅਲੀਅਲ ਮੇਰ ਚਚਾ ਗੁਨ ਰੇ ॥ ਚੰਦ ਕੁਮੁਦਨੀ ਦੂਰਹੁ ਨਿਵਸਸਿ ਅਨਭਉ ਕਾਰਨਿ ਰੇ ॥੨॥ ਅੰਮ੍ਰਿਤ ਖੰਡੁ ਦੂਧਿ ਮਧੁ ਸੰਚਸਿ ਤੂ ਬਨ ਚਾਤੁਰ ਰੇ ॥ ਅਪਨਾ ਆਪੁ ਤੂ ਕਬਹੁ ਨ ਛੋਡਸਿ ਪਿਸਨ ਪ੍ਰੀਤਿ ਜਿਉ ਰੇ ॥੩॥ ਪੰਡਿਤ ਸੰਗਿ ਵਸਹਿ ਜਨ ਮੂਰਖ ਆਗਮ ਸਾਸ ਸੁਨੇ ॥ ਅਪਨਾ ਆਪੁ ਤੂ ਕਬਹੁ ਨ ਛੋਡਸਿ ਸੁਆਨ ਪੂਛਿ ਜਿਉ ਰੇ ॥ ੪॥ ਇਕਿ ਪਾਖੰਡੀ ਨਾਮਿ ਨ ਰਾਚਹਿ ਇਕਿ ਹਰਿ ਹਰਿ ਚਰਣੀ ਰੇ ॥ ਪੂਰਬਿ ਲਿਖਿਆ ਪਾਵਸਿ ਨਾਨਕ ਰਸਨਾ ਨਾਮੁ ਜਪਿ ਰੇ ॥੫॥੬॥ {ਪੰਨਾ 990}

ਪਦਅਰਥ:- ਬਿਮਲ... ਜਲ—ਬਿਮਲ (ਸਰੋਵਰ ਦੇ) ਨਿਰਮਲ ਜਲ ਮਝਾਰਿ ਬਸਸਿ। ਬਿਮਲ—ਮਲ-ਰਹਿਤ, ਸਾਫ਼। ਮਝਾਰਿ—ਵਿਚ। ਬਸਸਿ—ਵੱਸਦਾ ਹੈ। ਪਦਮਨਿ—ਕਮਲ, ਕੌਲ ਫੁੱਲ। ਜਾਵਲ—ਜਾਲਾ। ਰੇ—ਹੇ ਡੱਡੂ! ਸੰਗਿ—ਸੰਗ ਵਿਚ, ਸਾਥ (ਕਰਨ) ਵਿਚ। ਦੋਖ—ਐਬ, ਨੁਕਸ।1।

ਰੇ ਦਾਦਰ—ਹੇ ਡੱਡੂ! ਭਖਸਿ—ਤੂੰ ਖਾਂਦਾ ਹੈਂ। ਸਿਬਾਲੁ—ਜਾਲਾ। ਨ ਲਖਸਿ—ਤੂੰ ਕਦਰ ਨਹੀਂ ਸਮਝਦਾ।1। ਰਹਾਉ।

ਬਸੁ—ਬਾਸੁ, ਵਾਸ। ਅਲੀਅਲ—ਭੌਰਾ। ਮੇਰ—ਚੋਟੀ, ਕੌਲ ਫੁੱਲ ਦੀ ਚੋਟੀ। ਚਚਾ—ਚੂਸਦਾ। ਗੁਨ—ਰਸ। ਚੰਦ—ਚੰਦ ਨੂੰ। ਕੁਮੁਦਨੀ—ਕੰਮੀ {ਨੋਟ:- ਕੌਲ ਫੁੱਲ ਸੂਰਜ ਦੀ ਰੌਸ਼ਨੀ ਵਿਚ ਖਿੜਦਾ ਹੈ, ਕੰਮੀ ਚੰਦ ਦੀ ਚਾਨਣੀ ਵਿਚ ਖਿੜਦੀ ਹੈ}। ਨਿਵਸਸਿ—ਨਿਊਂਦੀ ਹੈ, (ਖਿੜ ਕੇ) ਸਿਰ ਨਿਵਾਂਦੀ ਹੈ। ਅਨਭਉ—ਦਿਲ ਦੀ ਖਿੱਚ।2।

ਦੂਧਿ—ਦੁੱਧ ਵਿਚ। ਮਧੁ—ਸ਼ਹਿਦ, ਮਿਠਾਸ। ਅੰਮ੍ਰਿਤ—ਉੱਤਮ। ਸੰਚਸਿ—(ਪਰਮਾਤਮਾ) ਇਕੱਠੀ ਕਰਦਾ ਹੈ। ਤੂ ਰੇ—ਹੇ ਡੱਡੂ! ਬਨ ਚਾਤੁਰ—ਹੇ ਪਾਣੀ (ਦੇ ਵਾਸ) ਦੇ ਚਤੁਰ ਡੱਡੂ! ਆਪੁ—ਆਪ ਨੂੰ। ਪਿਸਨ—ਚਿੱਚੜ। ਪਿਸਨ ਪ੍ਰੀਤਿ—ਚਿੱਚੜ ਦੀ ਪ੍ਰੀਤ (ਲਹੂ ਨਾਲ)। ਅਪਨਾ ਆਪੁ—ਆਪਣੇ ਸੁਭਾਵ ਨੂੰ।3।

ਪੰਡਿਤ ਸੰਗਿ—ਵਿਦਵਾਨਾਂ ਦੀ ਸੰਗਤਿ ਵਿਚ। ਵਸਹਿ—ਵੱਸਦੇ ਹਨ। ਜਨ—ਬੰਦੇ। ਆਗਮ—ਵੇਦ। ਸਾਸ—ਸ਼ਾਸਤ੍ਰ। ਸੁਨੇ—ਸੁਨਿ, ਸੁਣ ਕੇ। ਨ ਛੋਡਸਿ—ਤੂੰ ਨਹੀਂ ਛੱਡਦਾ। ਸੁਆਨ ਪੂਛਿ—ਕੁੱਤੇ ਦੀ ਪੂਛਲ।4।

ਇਕਿ—ਕਈ (ਨੋਟ:- ਲਫ਼ਜ਼ ‘ਇਕਿ’ ਬਹੁ-ਵਚਨ ਹੈ)। ਨਾਮਿ—ਨਾਮ ਵਿਚ। ਪਾਵਸਿ—ਤੂੰ ਪਾਏਂਗਾ। ਪੂਰਬਿ—ਪੂਰਬ ਵਿਚ, ਪਹਿਲੇ ਜੀਵਨ-ਸਮੇ ਵਿਚ।5।

ਅਰਥ:- ਹੇ ਡੱਡੂ! ਤੂੰ ਕਦੇ ਭੀ ਸਮਝ ਨਹੀਂ ਕਰਦਾ। ਤੂੰ ਸਾਫ਼-ਸੁਥਰੇ ਪਾਣੀ ਵਿਚ ਵੱਸਦਾ ਹੈਂ, ਪਰ ਤੂੰ ਉਸ ਸਾਫ਼-ਪਵਿਤ੍ਰ ਪਾਣੀ ਨੂੰ ਪਛਾਣਦਾ ਨਹੀਂ (ਉਸ ਦੀ ਕਦਰ ਨਹੀਂ ਜਾਣਦਾ, ਤੇ ਸਦਾ) ਜਾਲਾ ਹੀ ਖਾਂਦਾ ਰਹਿੰਦਾ ਹੈਂ (ਜੋ ਉਸ ਸਾਫ਼ ਪਾਣੀ ਵਿਚ ਪੈ ਜਾਂਦਾ ਹੈ)।1। ਰਹਾਉ।

ਹੇ ਡੱਡੂ! ਸਾਫ਼ ਸਰੋਵਰ ਦੇ ਸਾਫ਼ ਸੁਥਰੇ ਪਾਣੀ ਵਿਚ ਕੌਲ ਫੁੱਲ ਤੇ ਜਾਲਾ ਵੱਸਦੇ ਹਨ। ਕੌਲ ਫੁੱਲ ਉਸ ਜਾਲੇ ਤੇ ਪਾਣੀ ਦੀ ਸੰਗਤਿ ਵਿਚ ਰਹਿੰਦਾ ਹੈ, ਪਰ ਉਹਨਾਂ ਦੀ ਸੰਗਤਿ ਵਿਚ ਉਸ ਨੂੰ ਕੋਈ ਦਾਗ਼ ਨਹੀਂ ਲੱਗਦੇ (ਕੌਲ ਫੁੱਲ ਨਿਰਲੇਪ ਹੀ ਰਹਿੰਦਾ ਹੈ)।1।

ਹੇ ਡੱਡੂ! (ਤੇਰਾ) ਸਦਾ ਪਾਣੀ ਦਾ ਵਾਸ ਹੈ, ਭੌਰਾ (ਪਾਣੀ ਵਿਚ) ਨਹੀਂ ਵੱਸਦਾ, (ਫਿਰ ਭੀ) ਉਹ (ਫੁੱਲ ਦੀ) ਚੋਟੀ ਦਾ ਰਸ ਮਾਣਦਾ ਹੈ (ਚੂਸਦਾ ਹੈ)। ਕੰਮੀ ਚੰਦ ਨੂੰ ਦੂਰੋਂ ਹੀ (ਵੇਖ ਕੇ ਖਿੜ ਕੇ) ਸਿਰ ਨਿਵਾਂਦੀ ਹੈ, ਕਿਉਂਕਿ ਉਸ ਦੇ ਅੰਦਰ ਚੰਦ ਵਾਸਤੇ ਦਿਲੀ ਖਿੱਚ ਹੈ (ਲਫ਼ਜ਼ੀ, ਦਿਲੀ ਖਿੱਚ ਦੇ ਕਾਰਨ)।2।

(ਥਣ ਦੇ) ਦੁੱਧ ਵਿਚ (ਪਰਮਾਤਮਾ) ਖੰਡ ਤੇ ਸ਼ਹਿਦ (ਵਰਗੀ) ਅੰਮ੍ਰਿਤ (ਮਿਠਾਸ ਇਕੱਠੀ ਕਰਦਾ ਹੈ, ਪਰ ਜਿਵੇਂ (ਥਣ ਨੂੰ ਚੰਬੜੇ ਹੋਏ) ਚਿੱਚੜ ਦੀ (ਲਹੂ ਨਾਲ ਹੀ) ਪ੍ਰੀਤਿ ਹੈ (ਦੁੱਧ ਨਾਲ ਨਹੀਂ, ਤਿਵੇਂ) ਹੇ ਪਾਣੀ ਦੇ ਚਤੁਰ ਡੱਡੂ। ਤੂੰ (ਭੀ) ਆਪਣਾ ਸੁਭਾਉ ਕਦੇ ਨਹੀਂ ਛੱਡਦਾ (ਪਾਣੀ ਵਿਚ ਵੱਸਦੇ ਕੌਲ ਫੁੱਲ ਦੀ ਤੈਨੂੰ ਸਾਰ ਨਹੀਂ, ਤੂੰ ਪਾਣੀ ਦਾ ਜਾਲਾ ਹੀ ਖ਼ੁਸ਼ ਹੋ ਹੋ ਕੇ ਖਾਂਦਾ ਹੈਂ)।3।

ਵਿਦਵਾਨਾਂ ਦੀ ਸੰਗਤਿ ਵਿਚ ਮੂਰਖ ਬੰਦੇ ਵੱਸਦੇ ਹਨ, ਉਹਨਾਂ ਪਾਸੋਂ ਉਹ ਵੇਦ ਸ਼ਾਸਤ੍ਰ ਭੀ ਸੁਣਦੇ ਹਨ (ਪਰ ਰਹਿੰਦੇ ਮੂਰਖ ਹੀ ਹਨ। ਆਪਣਾ ਮੂਰਖਤਾ ਦਾ ਸੁਭਾਉ ਨਹੀਂ ਛੱਡਦੇ)। ਜਿਵੇਂ ਕੁੱਤੇ ਦੀ ਪੂਛਲ (ਕਦੇ ਆਪਣਾ ਟੇਡਾ-ਪਨ ਨਹੀਂ ਛੱਡਦੀ, ਤਿਵੇਂ ਹੇ ਡੱਡੂ!) ਤੂੰ ਕਦੇ ਆਪਣਾ ਸੁਭਾਉ ਨਹੀਂ ਛੱਡਦਾ।4।

ਕਈ ਐਸੇ ਪਖੰਡੀ ਬੰਦੇ ਹੁੰਦੇ ਹਨ ਜੋ ਪਰਮਾਤਮਾ ਦੇ ਨਾਮ ਵਿਚ ਪਿਆਰ ਨਹੀਂ ਪਾਂਦੇ (ਸਦਾ ਪਖੰਡ ਵਲ ਹੀ ਰੁਚੀ ਰੱਖਦੇ ਹਨ), ਕਈ ਐਸੇ ਹਨ (ਭਾਗਾਂ ਵਾਲੇ) ਜੋ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜਦੇ ਹਨ।

ਹੇ ਨਾਨਕ! ਤੂੰ ਪਰਮਾਤਮਾ ਦਾ ਨਾਮ ਆਪਣੀ ਜੀਭ ਨਾਲ ਜਪਿਆ ਕਰ, ਧੁਰੋਂ ਪਰਮਾਤਮਾ ਵਲੋਂ ਲਿਖੀ ਬਖ਼ਸ਼ਸ਼ ਅਨੁਸਾਰ ਤੈਨੂੰ ਇਹ ਦਾਤਿ ਪ੍ਰਾਪਤ ਹੋ ਜਾਇਗੀ।5।4।